ਦੇਵਗੰਧਾਰੀ ੫ ॥ ਅੰਮ੍ਰਿਤਾ ਪ੍ਰਿਅ ਬਚਨ ਤੁਹਾਰੇ ॥ ਅਤਿ ਸੁੰਦਰ ਮਨਮੋਹਨ ਪਿਆਰੇ ਸਭਹੂ ਮਧਿ ਨਿਰਾਰੇ ॥੧॥ ਰਹਾਉ ॥ ਰਾਜੁ ਨ ਚਾਹਉ ਮੁਕਤਿ ਨ ਚਾਹਉ ਮਨਿ ਪ੍ਰੀਤਿ ਚਰਨ ਕਮਲਾਰੇ ॥ ਬ੍ਰਹਮ ਮਹੇਸ ਸਿਧ ਮੁਨਿ ਇੰਦ੍ਰਾ ਮੋਹਿ ਠਾਕੁਰ ਹੀ ਦਰਸਾਰੇ ॥੧॥ ਦੀਨੁ ਦੁਆਰੈ ਆਇਓ ਠਾਕੁਰ ਸਰਨਿ ਪਰਿਓ ਸੰਤ ਹਾਰੇ ॥ ਕਹੁ ਨਾਨਕ ਪ੍ਰਭ ਮਿਲੇ ਮਨੋਹਰ ਮਨੁ ਸੀਤਲ ਬਿਗਸਾਰੇ ॥੨॥੩॥੨੯॥ {ਪੰਨਾ 534}

ਪਦਅਰਥ:- ਅੰਮ੍ਰਿਤਾ—ਆਤਮਕ ਜੀਵਨ ਦੇਣ ਵਾਲੇ। ਪ੍ਰਿਅ—ਹੇ ਪਿਆਰੇ! ਮਨਮੋਹਨ—ਹੇ ਮਨ ਨੂੰ ਮੋਹਣ ਵਾਲੇ! ਮਧਿ—ਵਿਚ। ਨਿਰਾਰੇ—ਹੇ ਵੱਖਰੇ ਰਹਿਣ ਵਾਲੇ!।1।

ਚਾਹਉ—ਚਾਹਉਂ, ਮੈਂ ਚਾਹੁੰਦਾ ਹਾਂ। ਮਨਿ—ਮਨ ਵਿਚ। ਚਰਨ ਕਮਲ—ਕੌਲ-ਫੁੱਲਾਂ ਵਰਗੇ ਚਰਨ। ਮਹੇਸ—ਸ਼ਿਵ। ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਕਰਾਮਾਤੀ ਜੋਗੀ। ਮੋਹਿ—ਮੈਨੂੰ।1।

ਦੁਆਰੈ ਦਰ ਤੇ। ਹਾਰੇ—ਹਾਰਿ, ਹਾਰ ਕੇ। ਮਨੋਹਰ—ਮਨ ਨੂੰ ਮੋਹਣ ਵਾਲੇ। ਬਿਗਸਾਰੇ—ਖਿੜ ਪੈਂਦਾ ਹੈ।2।

ਅਰਥ:- ਹੇ ਪਿਆਰੇ! ਹੇ ਬੇਅੰਤ ਸੁੰਦਰ! ਹੇ ਪਿਆਰੇ ਮਨ ਮੋਹਣ! ਹੇ ਸਭ ਜੀਵਾਂ ਵਿਚ ਅਤੇ ਸਭ ਤੋਂ ਵੱਖਰੇ ਰਹਿਣ ਵਾਲੇ ਪ੍ਰਭੂ! ਤੇਰੀ ਸਿਫ਼ਤਿ-ਸਾਲਾਹ ਦੇ ਬਚਨ ਆਤਮਕ ਜੀਵਨ ਦੇਣ ਵਾਲੇ ਹਨ।1। ਰਹਾਉ।

ਹੇ ਪਿਆਰੇ ਪ੍ਰਭੂ! ਮੈਂ ਰਾਜ ਨਹੀਂ ਮੰਗਦਾ, ਮੈਂ ਮੁਕਤੀ ਨਹੀਂ ਮੰਗਦਾ, (ਮੇਹਰ ਕਰ, ਸਿਰਫ਼ ਤੇਰੇ) ਸੋਹਣੇ ਕੋਮਲ ਚਰਨਾਂ ਦਾ ਪਿਆਰ ਮੇਰੇ ਮਨ ਵਿਚ ਟਿਕਿਆ ਰਹੇ। (ਹੇ ਭਾਈ! ਲੋਕ ਤਾਂ) ਬ੍ਰਹਮਾ, ਸ਼ਿਵ ਕਰਾਮਾਤੀ ਜੋਗੀ, ਰਿਸ਼ੀ, ਮੁਨੀ ਇੰਦ੍ਰ (ਆਦਿਕ ਦਾ ਦਰਸਨ ਚਾਹੁੰਦੇ ਹਨ, ਪਰ) ਮੈਨੂੰ ਮਾਲਕ-ਪ੍ਰਭੂ ਦਾ ਦਰਸਨ ਹੀ ਚਾਹੀਦਾ ਹੈ।1।

ਹੇ ਠਾਕੁਰ! ਮੈਂ ਗਰੀਬ ਤੇਰੇ ਦਰ ਤੇ ਆਇਆ ਹਾਂ, ਮੈਂ ਹਾਰ ਕੇ ਤੇਰੇ ਸੰਤਾਂ ਦੀ ਸਰਨ ਆ ਪਿਆ ਹਾਂ। ਹੇ ਨਾਨਕ! (ਆਖ—ਜਿਸ ਮਨੁੱਖ ਨੂੰ) ਮਨ ਮੋਹਣ ਵਾਲੇ ਪ੍ਰਭੂ ਜੀ ਮਿਲ ਪੈਂਦੇ ਹਨ ਉਸ ਦਾ ਮਨ ਸ਼ਾਂਤ ਹੋ ਜਾਂਦਾ ਹੈ, ਖਿੜ ਪੈਂਦਾ ਹੈ।2।3। 29।